# ਦਫਤਰ ਨਗਰ ਨਿਗਮ ਫਗਵਾੜਾ
# OFFICE OF THE MUNICIPAL CORPORATION PHAGWARA

TOWN HALL PARK, PHAGWARA-144401
Office: 01824-260426
Website: www.mcphagwara.co.in Email: cmcphagwara123@gmail.com

ਸੇਵਾ ਵਿਖੇ,

ਡਾਇਰੈਕਟਰ,
ਸਥਾਨਕ ਸਰਕਾਰ ਵਿਭਾਗ, ਪੰਜਾਬ,
ਚੰਡੀਗੜ੍ਹ।

ਨੰਬਰ: 2136 ਮਿਤੀ: 21/7/23

**ਵਿਸ਼ਾ:-** **ਕਮਿਸ਼ਨਰ, ਨਗਰ ਨਿਗਮ ਫਗਵਾੜਾ ਜੀ ਵੱਲੋਂ ਮਿਤੀ 19/07/2023 ਨੂੰ ਪਾਸ ਕੀਤੇ ਗਏ ਹੁਕਮਾਂ ਦੀ ਨਕਲ ਸੂਚਨਾ ਹਿੱਤ ਭੇਜਣ ਸਬੰਧੀ।**

ਉਪਰੋਕਤ ਵਿਸ਼ੇ ਸਬੰਧੀ ਕਮਿਸ਼ਨਰ, ਨਗਰ ਨਿਗਮ, ਫਗਵਾੜਾ ਜੀ ਵੱਲੋਂ ਪਾਸ ਕੀਤੇ ਗਏ ਹੁਕਮ ਨੰ: 51 ਮਿਤੀ 19/07/2023 ਦੀ ਨਕਲ ਆਪ ਜੀ ਨੂੰ ਸੂਚਨਾ ਅਤੇ ਅਗਲੇਰੀ ਕਾਰਵਾਈ ਹਿੱਤ ਭੇਜੀ ਜਾਂਦੀ ਹੈ ਜੀ।

ਨੱਥੀ:- ਉਕਤ ਅਨੁਸਾਰ

ਅਜੰਡਾ ਸੁਪਰਡੰਟ,
ਨਗਰ ਨਿਗਮ, ਫਗਵਾੜਾ।

**ਪਿੱਠ ਅੰਕਣ ਨੰ:** 2137-2140 **ਮਿਤੀ:** 21/7/23

ਉਪਰੋਕਤ ਦਾ ਇੱਕ ਉਤਾਰਾ:-

1. ਮਾਨਯੋਗ ਡਵੀਜ਼ਨਲ ਕਮਿਸ਼ਨਰ, ਜਲੰਧਰ ਮੰਡਲ, ਜਲੰਧਰ ਜੀ ਨੂੰ ਸੂਚਨਾਂ ਹਿੱਤ।
2. ਮਾਨਯੋਗ ਡਿਪਟੀ ਕਮਿਸ਼ਨਰ,ਕਪੂਰਥਲਾ ਜੀ ਨੂੰ ਸੂਚਨਾਂ ਹਿੱਤ।
3. ਮਾਨਯੋਗ ਕਮਿਸ਼ਨਰ, ਨਗਰ ਨਿਗਮ, ਫਗਵਾੜਾ ਜੀ ਨੂੰ ਸੂਚਨਾਂ ਹਿੱਤ।
4. ਸਬੰਧਤ ਅਧਿਕਾਰੀ ਨੂੰ ਸੂਚਨਾਂ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਅਜੰਡਾ ਸੁਪਰਡੰਟ,
ਨਗਰ ਨਿਗਮ, ਫਗਵਾੜਾ।

ਦਫਤਰ ਨਗਰ ਨਿਗਮ ਫਗਵਾੜਾ
OFFICE OF THE MUNICIPAL CORPORATION PHAGWARA
TOWN HALL PARK, PHAGWARA-144401
Office: 01824-260426 - Fax: 01824-223260 -
Website: www.mcphagwara.com Email: comm.mcpgr@punjab.gov.in

ਮਿਤੀ 19/07/2023 ਨੂੰ ਡਾ. ਨਯਨ ਪੀ.ਸੀ.ਐਸ. ਕਮਿਸ਼ਨਰ, ਨਗਰ ਨਿਗਮ, ਫਗਵਾੜਾ ਵੱਲੋ ਹੇਠ ਲਿਖੇ ਅਨੁਸਾਰ ਪ੍ਰਸ਼ਾਸਕੀ ਹੁਕਮ ਪਾਸ ਕੀਤੇ ਗਏ।

| ਲੜੀ ਨੰ. | ਮਤਾ ਨੰ. ਅਤੇ ਮਿਤੀ | ਮਤੇ ਦਾ ਵੇਰਵਾ | ਕਿਰਪਾ ਕਰਕੇ ਸੁਨਿਸ਼ਚਿਤ ਕੀਤਾ ਜਾਵੇ ਕਿ ਮਿਤੀ 10.10.2022 ਰਾਹੀਂ ਪਾਸ ਕੀਤੇ ਗਏ ਨਿਰਦੇਸ਼ ਦੇ ਕਿਸ ਪੁਆਇੰਟ ਤਹਿਤ ਇਹ ਮਤਾ ਦੀ ਤਜਵੀਜ ਕੀਤੀ ਗਈ ਹੈ। | ਕਮਿਸ਼ਨਰ/ਕਾਰਜ ਸਾਧਕ ਅਫਸਰ ਦੁਆਰਾ ਕੀਤੀ ਗਈ ਟਿੱਪਣੀ |
|---|---|---|---|---|
| 1 | 51<br>19/07/2023 | ਰਿਪੋਰਟ ਵੱਲੋ ਨਿਗਰਾਨ ਇੰਜੀਨੀਅਰ ਕਿ ਨਗਰ ਨਿਗਮ, ਫਗਵਾੜਾ ਦੀ ਹਦੂਦ ਅੰਦਰ ਸ਼ਹਿਰ ਨੂੰ 5 ਜ਼ੋਨਾਂ ਵਿੱਚ ਵੰਡਿਆ ਗਿਆ ਹੈ ਜਿਨ੍ਹਾਂ ਦੀ ਸਫਾਈ ਅਤੇ ਸਪਰੇਅ ਦਾ ਕੰਮ 5 ਆਰਜ਼ੀ ਮੇਹਟਾਂ ਨੂੰ ਦਿੱਤਾ ਗਿਆ ਹੈ। ਬਰਸਾਤ ਦੇ ਮੌਸਮ ਨੂੰ ਮੁੱਖ ਰੱਖਦੇ ਹੋਏ ਇਹਨਾਂ ਜ਼ੋਨਾਂ ਵਿੱਚ ਡੇਂਗੂ ਲਾਰਵਾ ਅਤੇ ਡੇਂਗੂ ਮੱਛਰ ਨੂੰ ਰੋਕਣ ਲਈ ਸ਼ਹਿਰ ਵਿੱਚ ਫੋਗਿੰਗ ਕਰਵਾਉਣੀ ਅਤਿ ਜਰੂਰੀ ਹੈ। ਇਸ ਕੰਮ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਅਤੇ ਸ਼ਹਿਰ ਵਿੱਚ ਨਿਰਵਿਘਨ ਫੋਗਿੰਗ ਕਰਵਾਉਣ ਲਈ **5 Handy Fogging Machines ਦੀ ਖਰੀਦ ਕਰਨੀ** ਬਹੁਤ ਜਰੂਰੀ ਹੈ। ਜੈਮ ਪੋਰਟਲ ਤੇ ਇੱਕ ਹੈਂਡੀ ਫੋਗਿੰਗ ਮਸ਼ੀਨ ਦਾ ਰੇਟ 75000/- (5X75000 = 3,75,000/-) ਰੁਪਏ ਪਾਇਆ ਗਿਆ ਹੈ। ਉਕਤ ਹੈਂਡੀ ਫੋਗਿੰਗ ਮਸ਼ੀਨਾਂ ਦੀ ਖਰੀਦ ਕਰਨ ਲਈ ਹਾਊਸ ਦੀ ਪ੍ਰਵਾਨਗੀ ਲੋੜੀਂਦੀ ਹੈ। ਇੱਥੇ ਇਹ ਦੱਸਣਯੋਗ ਹੈ ਕਿ ਮਾਨਯੋਗ ਸਥਾਨਕ ਸਰਕਾਰ ਵਿਭਾਗ, ਪੰਜਾਬ ਜੀ ਵੱਲੋਂ ਜਾਰੀ ਨੋਟੀਫਿਕੇਸ਼ਨ ਨੰ: **5/71/2017/MEO/DA/334** ਮਿਤੀ 23-03-2020 ਰਾਹੀਂ ਹਾਊਸ ਦੀਆਂ ਸਾਰੀਆਂ ਸ਼ਕਤੀਆਂ ਕਮਿਸ਼ਨਰ, ਨਗਰ ਨਿਗਮ, ਫਗਵਾੜਾ ਨੂੰ ਦਿੱਤੀਆਂ ਗਈਆਂ ਸਨ। ਇਸ ਲਈ ਇਹਨ੍ਹਾਂ ਐਮਰਜੈਂਸੀ ਹਾਲਾਤਾਂ ਅਤੇ ਪਬਲਿਕ ਹਿੱਤਾਂ ਨੂੰ ਮੁੱਖ ਰੱਖਦੇ ਹੋਏ **5 Handy Fogging Machines** ਜੈਮ ਪੋਰਟਲ ਜਾਂ ਟੈਂਡਰ ਰਾਹੀਂ ਖਰੀਦ ਕਰਨ ਲਈ ਪ੍ਰਸ਼ਾਸਕੀ ਪ੍ਰਵਾਨਗੀ ਹਿੱਤ ਮਤਾ ਪਾਏ ਜਾਣ ਦੀ ਸਿਫਾਰਿਸ਼ ਕੀਤੀ ਜਾਂਦੀ ਹੈ। ਇੱਥੇ ਦੱਸਣ ਯੋਗ ਹੈ ਕਿ ਸਥਾਨਕ ਸਰਕਾਰ ਵਿਭਾਗ, ਪੰਜਾਬ ਵੱਲੋਂ ਜਾਰੀ ਨੋਟੀਫਿਕੇਸ਼ਨ ਨੰਬਰ 5/71/2017/MEO/DA/334 ਮਿਤੀ 23-03-2020 ਰਾਂਹੀ ਹਾਊਸ ਦੀਆਂ ਸਾਰੀਆਂ ਸ਼ਕਤੀਆਂ ਕਮਿਸ਼ਨਰ ਨਗਰ ਨਿਗਮ ਜੀ ਨੂੰ ਦਿੱਤੀਆਂ ਗਈਆਂ ਸਨ। ਉਕਤ ਅਨੁਸਾਰ ਪ੍ਰਸ਼ਾਸਕੀ ਪ੍ਰਵਾਨਗੀ ਹਿੱਤ ਪੇਸ਼ ਹੈ। | ------ | ਸੂਚਨਾ ਹਿੱਤ। |

ਤਸਦੀਕੀ ਕਾਪੀ
ਅਜੰਡਾ ਸੁਪਰਡੰਟ
ਨਗਰ ਨਿਗਮ, ਫਗਵਾੜਾ